# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 16-04-2025**

ਭਾਰਤ ਤੇ ਅਮਰੀਕਾ ਇਸ ਹਫ਼ਤੇ ਦੁਵੱਲੇ ਵਪਾਰ ਸਮਝੌਤੇ ਬਾਰੇ ਵਿਚਾਰ-ਵਟਾਂਦਰਾ ਕਰਨਗੇ । ਦੋਵਾਂ ਦੇਸ਼ਾਂ ਨੇ ਦੁਵੱਲੇ ਵਪਾਰ ਸਮਝੌਤੇ ਦੇ ਪਹਿਲੇ ਹਿੱਸੇ ਲਈ ਸੰਦਰਭ ਦੀਆਂ ਸ਼ਰਤਾਂ 'ਤੇ ਦਸਤਖਤ ਕੀਤੇ ਨੇ । ਨਵੀਂ ਦਿੱਲੀ ਵਿਚ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ, ਵਣਜ ਅਤੇ ਉਦਯੋਗ ਸਕੱਤਰ ਸੁਨੀਲ ਬਰਥਵਾਲ ਨੇ ਕਿਹਾ, ਦੋਵੇਂ ਧਿਰਾਂ ਵਿਚ ਇੱਕ ਬਹੁ-ਖੇਤਰੀ ਆਪਸੀ ਲਾਭਕਾਰੀ, ਦੁਵੱਲੇ ਵਪਾਰ ਸਮਝੌਤੇ ਵੱਲ ਅਗਲੇਰੀ ਕਾਰਵਾਈ 'ਤੇ ਵਿਆਪਕ ਤੌਰ ਤੇ ਸਹਿਮਤ ਹੋ ਗਈਆਂ ਨੇ , ਜਿਸ ਦਾ ਟੀਚਾ ਇਸ ਸਾਲ ਦੇ ਅਖੀਰ ਵਿੱਚ ਇਸਦੇ ਪਜਲੇ ਗੇੜ ਨੂੰ ਅੰਤਿਮ ਰੂਪ ਦੇਣਾ ਏ । ਉਨ੍ਹਾਂ ਕਿਹਾ, ਅਮਰੀਕਾ ਵਲੋਂ ਲਗਾਏ ਗਏ ਮੌਜੂਦਾ ਮਹਸੂਲ ਨਾਲ ਭਾਰਤ ਲਈ ਚਿੰਤਾਵਾਂ ਅਤੇ ਮੌਕੇ ਦੋਵੇਂ ਪੈਦਾ ਹੋਏ ਨੇ । ਉਨ੍ਹਾਂ ਕਿਹਾ ਕਿ ਭਾਰਤ ਨੇ ਅਮਰੀਕਾ ਨਾਲ ਵਪਾਰਕ ਉਦਾਰੀਕਰਨ ਦਾ ਰਸਤਾ ਅਪਣਾਇਆ ਏ । ਸਕੱਤਰ ਨੇ ਕਿਹਾ ਕਿ ਇਹ ਰਸਤਾ ਦੋਵਾਂ ਦੇਸ਼ਾਂ ਲਈ ਬਹੁਤ ਸਾਰੇ ਮੌਕੇ ਖੋਲ੍ਹੇਗਾ। ਸ੍ਰੀ ਬਰਥਵਾਲ ਨੇ

ਕਿਹਾ, ਅਮਰੀਕਾ ਨਾਲ ਭਾਰਤ ਦਾ ਵਪਾਰ ਅਗਲੇ ਪੰਜ ਸਾਲਾਂ ਵਿੱਚ ਵਧਣ ਅਤੇ 500 ਅਰਬ ਡਾਲਰ ਤੱਕ ਪਹੁੰਚਣ ਦੀ ਉਮੀਦ ਏ।

---------------------------------------------------------------

ਜਨਤਕ ਸੇਵਾਵਾਂ ਨੂੰ ਸੁਚਾਰੂ ਬਣਾਉਣ ਤੇ ਮਾਲ ਵਿਭਾਗ ਅੰਦਰ ਕਿਸੇ ਵੀ ਤਰ੍ਹਾਂ ਦੇ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਈ ਉਪਾਵਾਂ ਦਾ ਐਲਾਨ ਕੀਤਾ ਏ, ਜਿਸ ਵਿੱਚ ਨਿਰਵਿਵਾਦ ਇੰਤਕਾਲਾਂ ਦੀ ਤਸਦੀਕ, ਨਕਲ ਸੇਵਾ, ਆਮਦਨ ਸਰਟੀਫਿਕੇਟ ਜਾਰੀ ਕਰਨ ਤੇ ਨਿਰਧਾਰਤ ਸਮਾਂ-ਸੀਮਾਵਾਂ ਤੋਂ ਵੱਧ ਮਾਲ ਰਿਕਾਰਡਾਂ ਦੀ ਜਾਂਚ ਸੰਬੰਧੀ ਸਾਰੇ ਲੰਬਿਤ ਮਾਮਲਿਆਂ ਨੂੰ 30 ਅਪ੍ਰੈਲ, 2025 ਤੱਕ ਨਿਪਟਾਉਣਾ ਸ਼ਾਮਲ ਏ। ਚੰਡੀਗੜ੍ਹ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਚੀਮਾ, ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਤੇ ਵਿੱਤ ਕਮਿਸ਼ਨਰ ਮਾਲ ਅਨੁਰਾਗ ਵਰਮਾ ਨੇ ਐਲਾਨ ਕੀਤਾ ਕਿ ਡਿਪਟੀ ਕਮਿਸ਼ਨਰ ਹੁਣ ਰੋਜ਼ਾਨਾ ਦੇ ਆਧਾਰ 'ਤੇ ਬਕਾਇਆ ਮਾਮਲਿਆਂ ਦੀ ਨਿਗਰਾਨੀ ਕਰਨਗੇ, ਜਿਸ ਨਾਲ ਲੰਬਿਤ ਅਰਜ਼ੀਆਂ ਦੀ ਨਿਯਮਤ ਨਿਗਰਾਨੀ ਨੂੰ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਨਕਲ ਸੇਵਾ ਲਈ ਨਿਰਧਾਰਤ ਸਮਾਂ-ਸੀਮਾ 10 ਦਿਨ, ਆਮਦਨ ਸਰਟੀਫਿਕੇਟ

ਲਈ 15 ਦਿਨ ਤੇ ਮਾਲ ਰਿਕਾਰਡ ਦੀ ਜਾਂਚ ਲਈ 7 ਦਿਨ ਏ । ਵਿੱਤ ਮੰਤਰੀ ਨੇ ਕਿਹਾ ਕਿ ਮਾਲ ਵਿਭਾਗ ਦੇ ਅਧਿਕਾਰੀ ਜਾਂ ਕਰਮਚਾਰੀ ਦੀ ਜਵਾਬਦੇਹੀ ਨਿਰਧਾਰਤ ਸਮਾਂ-ਸੀਮਾ ਅਨੁਸਾਰ ਸੇਵਾਵਾਂ ਪ੍ਰਦਾਨ ਕਰਨ ਲਈ ਨਿਰਧਾਰਤ ਕੀਤੀ ਗਈ ਏ ਤੇ ਕਿਸੇ ਵੀ ਬੇਲੋੜੀ ਦੇਰੀ ਦੀ ਸੂਰਤ ਵਿਚ ਸਖ਼ਤ ਕਾਰਵਾਈ ਕੀਤੀ ਜਾਵੇਗੀ।

-------------------------------------------------------

ਬੀਤੀ ਰਾਤ ਫਾਜ਼ਿਲਕਾ ਸਰਹੱਦ 'ਤੇ ਇਕ ਸਾਂਝੇ ਆਪ੍ਰੇਸ਼ਨ ਵਿੱਚ, ਸੀਮਾ ਸੁਰੱਖਿਆ ਬਲ (BSF) ਤੇ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਨੇ ਇਕ ਔਰਤ ਸਮੇਤ ਤਿੰਨ ਤਸਕਰਾਂ ਨੂੰ 2 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ। ਵੇਰਵੇ ਸਾਂਝੇ ਕਰਦੇ ਹੋਏ, ਬੀਐਸਐਫ ਦੇ ਸੂਤਰਾਂ ਨੇ ਦੱਸਿਆ ਕਿ ਖੁਫੀਆ ਜਾਣਕਾਰੀ ਮਿਲਣ ਤੋਂ ਬਾਅਦ ਜਵਾਨਾਂ ਨੇ ਫਾਜ਼ਿਲਕਾ-ਫਿਰੋਜ਼ਪੁਰ ਰੋਡ 'ਤੇ ਐਸ.ਐਸ.ਓ.ਸੀ. ਨਾਲ ਤਾਲਮੇਲ ਕਰਕੇ ਇਕ ਨਾਕਾ ਲਗਾਇਆ ਤੇ ਪੁਲਿਸ ਨੂੰ ਦੇਖ ਕੇ ਆਪਣੇ ਮੋਟਰਸਾਈਕਲ 'ਤੇ ਭੱਜਣ ਦੀ ਕੋਸ਼ਿਸ਼ ਕਰਨ ਵਾਲੇ ਤਿੰਨਾਂ ਨੂੰ ਫੜ ਲਿਆ। ਉਹ ਫਾਜ਼ਿਲਕਾ ਦੇ ਗੋਰਖਾ ਤੇ ਹਸਤਾ ਕਲਾਂ ਪਿੰਡਾਂ ਨਾਲ ਸਬੰਧਤ ਸਨ ਤੇ ਉਨ੍ਹਾਂ ਦੇ ਸਬੰਧਾਂ ਦਾ ਪਤਾ ਲਗਾਉਣ ਲਈ ਵਿਸਥਾਰਪੂਰਵਕ ਪੁੱਛਗਿੱਛ ਲਈ ਉਨ੍ਹਾਂ ਨੂੰ ਐਸ.ਐਸ.ਓ.ਸੀ. ਫਾਜ਼ਿਲਕਾ ਦੇ ਹਵਾਲੇ ਕਰ ਦਿੱਤਾ ਗਿਆ ਏ।

ਇਕ ਹੋਰ ਕਾਰਵਾਈ ਵਿੱਚ, ਬੀ.ਐਸ.ਐਫ. ਇੰਟੈਲੀਜੈਂਸ ਵਿੰਗ ਨੇ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਧਨੋਆ ਖੁਰਦ ਦੇ ਨਾਲ ਲਗਦੇ ਇਕ ਖੇਤ ਵਿਚੋਂ ਇਕ ਡਰੋਨ ਦੇ ਨਾਲ-ਨਾਲ ਅੱਧੇ ਕਿਲੋਗ੍ਰਾਮ ਤੋਂ ਵੱਧ ਹੈਰੋਇਨ ਦੇ ਪੈਕੇਟ ਬਰਾਮਦ ਕੀਤੇ ।

---------------------------------------------------------------

ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ jalandhar ਵਿਖੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਪੋਸ਼ਣ ਸੁਰੱਖਿਆ 'ਤੇ ਜ਼ੋਰ ਦਿੱਤਾ । ਇਸ ਮੌਕੇ ਉਹਨਾਂ ਕਿਹਾ ਕਿ ਕਮਿਸ਼ਨ ਰਾਜ ਦੇ ਲੋਕਾਂ ਨੂੰ ਮਿਆਰੀ ਭੋਜਨ ਪ੍ਰਦਾਨ ਕਰਨ ਲਈ ਵਚਨਬੱਧ ਏ, ਪਰ ਬੱਚਿਆਂ ਦੀ ਸਿਹਤ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਏ। ਚੇਅਰਮੈਨ ਨੇ ਹਰੇਕ ਆਂਗਣਵਾੜੀ ਕੇਂਦਰ ਵਿੱਚ ਪੋਸ਼ਣ ਬਾਗ ਵਿਕਸਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਸਕੂਲ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਸਕੂਲਾਂ ਵਿਚ ਖਾਲੀ ਥਾਵਾਂ ਦੀ ਵਰਤੋਂ ਫਲ, ਸਬਜ਼ੀਆਂ ਦੇ ਨਾਲ-ਨਾਲ ਜੜੀ-ਬੂਟੀਆਂ ਤੇ ਔਸ਼ਧੀ ਪੌਦਿਆਂ ਨੂੰ ਉਗਾਉਣ ਲਈ ਕੀਤੀ ਜਾਵੇ।

---------------------------------------------------------------

ਰੇਲਵੇ ਪੁਲਿਸ (ਜੀ.ਆਰ.ਪੀ.) ਦੀ ਵਿਸ਼ੇਸ਼ ਡੀ.ਜੀ.ਪੀ. ਸ਼ਸ਼ੀ ਪ੍ਰਧਾ

ਦਿਵੇਦੀ ਨੇ ਗੁਰਦਾਸਪੁਰ ਦੇ ਰੇਲਵੇ ਸਟੇਸ਼ਨ ਦਾ ਦੌਰਾ ਕੀਤਾ ਤੇ ਰੇਲਵੇ ਪੁਲਿਸ ਅਧਿਕਾਰੀਆਂ ਦੀਆਂ ਸਮੱਸਿਆਵਾਂ ਸੁਣਨ ਦੇ ਨਾਲ-ਨਾਲ ਰੇਲਵੇ ਸਟੇਸ਼ਨ ਤੇ ਸੁਰੱਖਿਆ ਪ੍ਰਬੰਧਾ ਦਾ ਵੀ ਜਾਇਜ਼ਾ ਲਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਹਨਾਂ ਦੱਸਿਆ ਕਿ ਉਹ ਰੂਟੀਨ ਨਾਲ ਵੱਖ ਵੱਖ ਸ਼ਹਿਰਾਂ ਵਿਚ ਰੇਲਵੇ ਸਟੇਸ਼ਨਾਂ ਦਾ ਦੌਰਾ ਕਰ ਰਹੇ ਨੇ ਤੇ ਰੇਲਵੇ ਦੇ ਪੁਲਿਸ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਉਹਨਾਂ ਦੀਆਂ ਸਮੱਸਿਆਵਾਂ ਸੁਣ ਰਹੇ ਨੇ। ਉਹ ਰੇਲਵੇ ਸਟੇਸ਼ਨਾਂ ਤੇ ਰੇਲਵੇ ਪੁਲਿਸ ਵਲੋਂ ਚਲਾਏ ਜਾ ਰਹੇ ਸੁਰੱਖਿਆ ਪ੍ਰਬੰਦਾ ਦਾ ਜਾਇਜ਼ਾ ਵੀ ਲੈ ਰਹੇ ਨੇ । ਉਹਨਾਂ ਕਿਹਾ ਕਿ ਰੇਲਵੇ ਪੁਲਿਸ ਵਲੋਂ ਸਮੇਂ ਸਮੇਂ ਤੇ ਯਾਤਰੀਆਂ ਤੇ ਰੇਲ ਗੱਡੀਆਂ ਦੀ ਜਾਂਚ ਦੇ ਨਾਲ ਨਾਲ ਸ਼ੱਕੀ ਯਾਤਰੀਆਂ ਦਾ ਸਮਾਨ ਵੀ ਚੈੱਕ ਕੀਤਾ ਜਾਂਦਾ ਏ । ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਰੋਕਣ ਵਿਚ ਰੇਲਵੇ ਪੁਲਿਸ ਦੇ ਯੋਗਦਾਨ ਬਾਰੇ ਉਹਨਾਂ ਕਿਹਾ ਕਿ ਰੇਲਵੇ ਸਟੇਸ਼ਨਾਂ ਤੇ ਵੀ ਸੁਰੱਖਿਆ ਦੇ ਵਿਆਪਕ ਪ੍ਰਬੰਧ ਕੀਤੇ ਜਾ ਰਹੇ ਨੇ ।

---------------------------------------------------------

'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਜਲੰਧਰ ਜ਼ਿਲ੍ਹੇ ਦੇ 28 ਸਰਕਾਰੀ ਸਕੂਲਾਂ ਵਿਚ 2 ਕਰੋੜ ਰੁਪਏ ਤੋਂ ਵੱਧ ਦੇ ਵਿਕਾਸ ਪ੍ਰਾਜੈਕਟ ਸਮਰਪਿਤ

ਕੀਤੇ ਗਏ। ਪ੍ਰਾਇਮਰੀ ਸਕੂਲਾਂ ਵਿਚ ਜਿਥੇ 70 ਲੱਖ ਤੋਂ ਵੱਧ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ ਉਥੇ ਅਪਰ ਪ੍ਰਾਇਮਰੀ ਸਕੂਲਾਂ ਵਿਚ 1 ਕਰੋੜ ਤੋਂ ਵੱਧ ਦੀ ਲਾਗਤ ਨਾਲ ਤਿਆਰ ਵਿਕਾਸ ਪ੍ਰਾਜੈਕਟਾਂ ਦੇ ਉਦਘਾਟਨ ਕੀਤਾ ਗਿਆ। ਕਰਤਾਰਪੁਰ ਤੋਂ ਵਿਧਾਇਕ ਬਲਕਾਰ ਸਿੰਘ ਤੇ ਨਕੋਦਰ ਤੋਂ ਵਿਧਾਇਕ ਇੰਦਰਜੀਤ ਕੌਰ ਮਾਨ ਵਲੋਂ ਆਪੋ-ਆਪਣੇ ਹਲਕੇ ਦੇ ਸਰਕਾਰੀ ਸਕੂਲਾਂ ਵਿਚ ਮੁਕੰਮਲ ਹੋਏ ਵਿਕਾਸ ਪ੍ਰਾਜੈਕਟ ਸਮਰਪਿਤ ਕੀਤੇ ਗਏ ਜਦਕਿ ਜ਼ਿਲ੍ਹੇ ਦੇ ਹੋਰਨਾਂ ਸਰਕਾਰੀ ਸਕੂਲਾਂ ਵਿੱਚ ਵੀ ਵਿਕਾਸ ਕਾਰਜ ਲੋਕ ਅਰਪਣ ਕੀਤੇ ਗਏ।